ਬਿਲਾਵਲੁ ਮਹਲਾ ੫ ॥ ਮਾਟੀ ਤੇ ਜਿਨਿ ਸਾਜਿਆ ਕਰਿ ਦੁਰਲਭ ਦੇਹ ॥ ਅਨਿਕ ਛਿਦ੍ਰ ਮਨ ਮਹਿ ਢਕੇ ਨਿਰਮਲ ਦ੍ਰਿਸਟੇਹ ॥੧॥ ਕਿਉ ਬਿਸਰੈ ਪ੍ਰਭੁ ਮਨੈ ਤੇ ਜਿਸ ਕੇ ਗੁਣ ਏਹ ॥ ਪ੍ਰਭ ਤਜਿ ਰਚੇ ਜਿ ਆਨ ਸਿਉ ਸੋ ਰਲੀਐ ਖੇਹ ॥੧॥ ਰਹਾਉ ॥ ਸਿਮਰਹੁ ਸਿਮਰਹੁ ਸਾਸਿ ਸਾਸਿ ਮਤ ਬਿਲਮ ਕਰੇਹ ॥ ਛੋਡਿ ਪ੍ਰਪੰਚੁ ਪ੍ਰਭ ਸਿਉ ਰਚਹੁ ਤਜਿ ਕੂੜੇ ਨੇਹ ॥੨॥ ਜਿਨਿ ਅਨਿਕ ਏਕ ਬਹੁ ਰੰਗ ਕੀਏ ਹੈ ਹੋਸੀ ਏਹ ॥ ਕਰਿ ਸੇਵਾ ਤਿਸੁ ਪਾਰਬ੍ਰਹਮ ਗੁਰ ਤੇ ਮਤਿ ਲੇਹ ॥੩॥ ਊਚੇ ਤੇ ਊਚਾ ਵਡਾ ਸਭ ਸੰਗਿ ਬਰਨੇਹ ॥ ਦਾਸ ਦਾਸ ਕੋ ਦਾਸਰਾ ਨਾਨਕ ਕਰਿ ਲੇਹ ॥੪॥੧੭॥੪੭॥ {ਪੰਨਾ 812}

ਪਦਅਰਥ:- ਤੇ—ਤੋਂ। ਜਿਨਿ—ਜਿਸ (ਪਰਮਾਤਮਾ) ਨੇ। ਸਾਜਿਆ—ਬਣਾਇਆ। ਦੇਹ—ਸਰੀਰ। ਛਿਦ੍ਰ—ਐਬ। ਦ੍ਰਿਸਟੇਹ—ਵੇਖਣ ਨੂੰ।1।

ਮਨੈ ਤੇ—ਮਨ ਤੋਂ। ਜਿਸ ਕੇ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ}। ਜਿ—ਜੇਹੜਾ ਮਨੁੱਖ। ਤਜਿ—ਛੱਡ ਕੇ। ਆਨ ਸਿਉ—{ANX} ਹੋਰ ਨਾਲ। ਖੇਹ—ਮਿੱਟੀ।1। ਰਹਾਉ।

ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਬਿਲਮ—ਦੇਰ, ਢਿੱਲ। ਮਤ ਕਰੇਹ—ਮਤਾਂ ਕਰੋ, ਨਾਹ ਕਰਨੀ। ਪ੍ਰਪੰਚ—{pRpzc} ਇਹ ਦਿੱਸਦਾ ਜਗਤ। ਕੂੜੇ—ਝੂਠੇ, ਨਾਸਵੰਤ।2।

ਹੋਸੀ—ਕਾਇਮ ਰਹੇਗਾ। ਸੇਵਾ—ਭਗਤੀ। ਤੇ—ਤੋਂ। ਮਤਿ—ਅਕਲ, ਸਿੱਖਿਆ।3।

ਸਭ ਸੰਗਿ—ਸਾਰੀ ਸ੍ਰਿਸ਼ਟੀ ਦੇ ਨਾਲ। ਬਰਨੇਹ—ਬਿਆਨ ਕੀਤਾ ਜਾਂਦਾ ਹੈ। ਕੋ—ਦਾ। ਦਾਸਰਾ—ਨਿੱਕਾ ਜਿਹਾ ਦਾਸ। ਕਰਿ ਲੇਹ—ਬਣਾ ਲੈ।4।

ਅਰਥ:- ਹੇ ਭਾਈ! ਜਿਸ ਪਰਮਾਤਮਾ ਨੇ (ਜੀਵ ਦਾ) ਦੁਰਲੱਭ ਮਨੁੱਖਾ ਸਰੀਰ ਬਣਾ ਕੇ ਮਿੱਟੀ ਤੋਂ ਇਸ ਨੂੰ ਪੈਦਾ ਕਰ ਦਿੱਤਾ, ਉਸ ਨੇ ਹੀ ਜੀਵ ਦੇ ਅਨੇਕਾਂ ਹੀ ਐਬ ਉਸ ਦੇ ਮਨ ਵਿਚ ਲੁਕਾ ਰੱਖੇ ਹਨ, ਜੀਵ ਦਾ ਸਰੀਰ ਫਿਰ ਭੀ ਸਾਫ਼-ਸੁਥਰਾ ਦਿੱਸਦਾ ਹੈ।1।

ਹੇ ਭਾਈ! ਜਿਸ (ਪਰਮਾਤਮਾ) ਦੇ ਇਹ (ਅਨੇਕਾਂ) ਗੁਣ ਹਨ, ਉਹ ਸਾਡੇ ਮਨ ਤੋਂ ਕਦੇ ਭੀ ਭੁੱਲਣਾ ਨਹੀਂ ਚਾਹੀਦਾ। ਜੇਹੜਾ ਮਨੁੱਖ ਪ੍ਰਭੂ (ਦੀ ਯਾਦ) ਛੱਡ ਕੇ ਹੋਰ ਹੋਰ ਪਦਾਰਥਾਂ ਨਾਲ ਮੋਹ ਬਣਾਂਦਾ ਹੈ, ਉਹ ਮਿੱਟੀ ਵਿਚ ਰਲ ਜਾਂਦਾ ਹੈ (ਉਸ ਦਾ ਜੀਵਨ ਵਿਅਰਥ ਚਲਾ ਜਾਂਦਾ ਹੈ)।1। ਰਹਾਉ।

ਹੇ ਭਾਈ! ਹਰੇਕ ਸਾਹ ਦੇ ਨਾਲ ਹਰ ਵੇਲੇ ਉਸ ਪਰਮਾਤਮਾ ਨੂੰ ਯਾਦ ਕਰਦੇ ਰਹੋ। ਵੇਖਣਾ, ਰਤਾ ਭੀ ਢਿੱਲ ਨਾਹ ਕਰਨੀ। ਹੇ ਭਾਈ! ਦੁਨੀਆ ਦੇ ਨਾਸਵੰਤ ਪਦਾਰਥਾਂ ਦਾ ਪਿਆਰ ਤਿਆਗ ਕੇ, ਦਿੱਸਦੇ ਜਗਤ ਦਾ ਮੋਹ ਛੱਡ ਕੇ, ਪਰਮਾਤਮਾ ਨਾਲ ਪਿਆਰ ਬਣਾਈ ਰੱਖੋ।2।

ਹੇ ਭਾਈ! ਜਿਸ ਇੱਕ ਪਰਮਾਤਮਾ ਨੇ (ਆਪਣੇ ਆਪ ਤੋਂ ਜਗਤ ਦੇ) ਇਹ ਅਨੇਕਾਂ ਬਹੁਤ ਰੰਗ ਬਣਾ ਦਿੱਤੇ ਹਨ, ਉਹ ਹੁਣ ਭੀ (ਹਰ ਥਾਂ) ਮੌਜੂਦ ਹੈ, ਅਗਾਂਹ ਨੂੰ ਭੀ (ਸਦਾ) ਕਾਇਮ ਰਹੇਗਾ। ਗੁਰੂ ਤੋਂ ਸਿੱਖਿਆ ਲੈ ਕੇ ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰੋ।3।

ਹੇ ਭਾਈ! ਉਹ ਪ੍ਰਭੂ (ਜਗਤ ਦੀਆਂ) ਉੱਚੀਆਂ ਤੋ ਉੱਚੀਆਂ ਹਸਤੀਆਂ ਨਾਲੋਂ ਭੀ ਉੱਚਾ ਹੈ, ਵੱਡਿਆਂ ਤੋਂ ਭੀ ਵੱਡਾ ਹੈ, ਉਂਞ ਉਹ ਸਾਰੇ ਜੀਵਾਂ ਦੇ ਨਾਲ (ਵੱਸਦਾ ਭੀ) ਦੱਸਿਆ ਜਾਂਦਾ ਹੈ।

ਹੇ ਨਾਨਕ! (ਉਸ ਪ੍ਰਭੂ ਦੇ ਦਰ ਤੇ ਅਰਦਾਸ ਕਰ, ਤੇ ਆਖ—ਹੇ ਪ੍ਰਭੂ!) ਮੈਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਛੋਟਾ ਜਿਹਾ ਦਾਸ ਬਣਾ ਲੈ।4। 17। 47।